**<u>ਪ੍ਰੈਸ ਨੋਟ</u>** ਮਿਤੀ 23.05.2022

# ਹੁਸ਼ਿਆਰਪੁਰ ਪੁਲਿਸ ਵੱਲੋਂ 1440 ਨਸ਼ੀਲੇ ਕੈਪਸੂਲ ਅਤੇ660 ਨਸ਼ੀਲੀਆਂ ਗੋਲੀਆਂ ਬ੍ਰਾਮਦ

ਮਾਨਯੋਗ ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਜੀ ਦੇ ਦਿਸ਼ਾ ਨਿਰਦੇਸ਼ਾਂ ਪਰ ਹੁਸ਼ਿਆਰਪੁਰ ਏਰੀਆ ਵਿੱਚ ਨਸ਼ਾ ਸਪਲਾਈ ਕਰਨ ਵਾਲੇ ਵਿਅਕਤੀਆਂ ਨੂੰ ਨੱਥ ਪਾਉਣ ਲਈ ਸ੍ਰੀ ਮੁੱਖਤਿਆਰ ਰਾਏ (P.P.S) ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਦੀ ਨਿਗਰਾਨੀ ਹੇਠ ਸ੍ਰੀ ਸਰਬਜੀਤ ਰਾਏ (P.P.S) ਉਪ-ਪੁਲਿਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਅਤੇ ਇੰਚਾਰਜ਼ ਸੀ.ਆਈ.ਏ ਇੰਸਪੈਕਟਰ ਬਲਵਿੰਦਰ ਪਾਲ ਦੇ ਅਧੀਨ ਵਿਸ਼ੇਸ ਟੀਮ ਵੱਲੋਂ 1440 ਨਸ਼ੀਲੇ ਕੈਪਸੂਲ ਅਤੇ 660 ਨਸ਼ੀਲ਼ੀਆਂ ਗੋਲੀਆਂ ਬ੍ਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ ਵਲੋਂ ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਮਿਤੀ 23-05-2022 ਨੂੰ ਇੰਚਾਰਜ਼ ਸੀ.ਆਈ.ਏ ਸਟਾਫ ਦੀ ਟੀਮ ਨੇ ਕੋਤਵਾਲੀ ਬਜਾਰ ਢੋਲਕੀਆਂ ਵਾਲੀ ਗਲੀ ਹੁਸ਼ਿਆਰਪੁਰ ਤੋਂ ਨਸ਼ੀਲ਼ੀਆਂ ਗੋਲੀਆਂ ਅਤੇ ਨਸ਼ੀਲੇ ਕੈਪਸੂਲ ਸਪਲਾਈ ਕਰਨ ਵਾਲੇ ਵਿਅਕਤੀ ਅਜੇ ਕੁਮਾਰ ਉਰਫ ਅੱਜੂ ਪੁੱਤਰ ਮਦਨ ਲਾਲ ਵਾਸੀ ਕੱਚਾ ਟੋਬਾ ਥਾਣਾ ਸਿਟੀ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਪਾਸੋਂ 1440 ਨਸ਼ੀਲੇ ਕੈਪਸੂਲ ਅਤੇ 660 ਨਸ਼ੀਲ਼ੀਆਂ ਬ੍ਰਾਮਦ ਕਰਕੇ ਦੋਸ਼ੀ ਦੇ ਖਿਲਾਫ ਮੁੱਕਦਮਾ ਨੰਬਰ 108 ਮਿਤੀ 22-05-2022 ਅ.ਧ. 22-61-85 ND&PS Act ਥਾਣਾ ਸਿਟੀ ਹੁਸ਼ਿਆਰਪੁਰ ਦਰਜ ਕਰਵਾਇਆ। ਦੋਸ਼ੀ ਨੂੰ ਅੱਜ ਪੇਸ਼ ਅਦਾਲਤ ਕੀਤਾ ਜਾਣਾ ਹੈ ਦੋਸ਼ੀ ਪਾਸੋਂ ਪੁੱਛ ਗਿੱਛ ਜਾਰੀ ਹੈ।

**ਬ੍ਰਾਮਦਗੀ:-** 1440 ਨਸ਼ੀਲੇ ਕੈਪਸੂਲ ਅਤੇ 660 ਨਸ਼ੀਲ਼ੀਆਂ ਗੋਲੀਆਂ

**<u>ਗ੍ਰਿਫਤਾਰ ਦੋਸ਼ੀ</u>**

ਅਜੇ ਕੁਮਾਰ ਉਰਫ ਅੱਜੂ ਪੁੱਤਰ ਮਦਨ ਲਾਲ ਵਾਸੀ ਕੱਚਾ ਟੋਬਾ ਥਾਣਾ ਸਿਟੀ ਹੁਸ਼ਿਆਰਪੁਰ